# ਦਫ਼ਤਰ ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ

**ਹੁਕਮ**

ਕੋਵਿਡ-19 ਦੇ ਵੱਧਦੇ ਪ੍ਰਭਾਵ ਨੂੰ ਰੋਕਣ ਲਈ ਅਤੇ ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਰਾਤ 11.00 ਵਜੇ ਤੋਂ ਸਵੇਰੇ 05.00 ਵਜੇ ਤੱਕ ਨਾਈਟ ਕਰਫਿਊ ਲਗਾਉਣਾ ਅਤਿ ਜਰੂਰੀ ਹੈ।

ਇਸ ਲਈ ਮੈ, ਗੁਰਪ੍ਰੀਤ ਸਿੰਘ ਖਹਿਰਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਕੋਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਜਿਲ੍ਹਾ ਅੰਮ੍ਰਿਤਸਰ ਵਿਚ ਮਿਤੀ 18.03.2021 ਤੋਂ ਅਗਲੇ ਹੁਕਮਾਂ ਤੱਕ ਰਾਤ 11.00 ਵਜੇ ਤੋਂ ਸਵੇਰੇ 05.00 ਵਜੇ ਤੱਕ ਨਾਈਟ ਕਰਫਿਊ ਲਗਾਉਣ ਦੇ ਹੁਕਮ ਦਿੰਦਾ ਹਾਂ।

ਇਹ ਹੁਕਮ ਸੁਰੱਖਿਆ ਅਮਲੇ/ਡਿਊਟੀ ਤੇ ਤਾਇਨਾਤ ਪੁਲਿਸ/ਆਰਮੀ ਅਤੇ ਸਰਕਾਰੀ ਅਫਸਰਾਂ/ਕਰਮਚਾਰੀਆਂ ਜਰੂਰੀ ਸੇਵਾਵਾਂ/ਮੈਡੀਕਲ ਐਮਰਜੈਂਸੀ ਅਤੇ ਕੋਈ ਹੋਰ ਐਮਰਜੈਂਸੀ ਜਿਸ ਨਾਲ ਕਿਸੇ ਦੀ ਜਾਨ-ਮਾਲ ਨੂੰ ਖਤਰਾ ਹੋਵੇ ਤੇ ਲਾਗੂ ਨਹੀਂ ਹੋਵੇਗਾ। ਰਾਤ ਦੌਰਾਨ ਫੈਕਟਰੀਆਂ ਵਿਚ ਉਤਪਾਦਨ ਦੀ ਆਗਿਆ ਹੋਵੇਗੀ। ਨੈਸ਼ਨਲ ਅਤੇ ਸਟੇਟ ਹਾਈਵੇ ਤੇ ਕਰਾਸ ਕਰ ਰਹੇ ਟ੍ਰੈਫਿਕ ਨੂੰ ਜਾਣ ਦੀ ਆਗਿਆ ਹੋਵੇਗੀ।

ਇਸ ਹੁਕਮ ਨੂੰ ਕਮਿਸ਼ਨਰ ਆਫ ਪੁਲਿਸ, ਅੰਮ੍ਰਿਤਸਰ, ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ (ਦਿਹਾਤੀ) ਅਤੇ ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਅੰਮ੍ਰਿਤਸਰ ਲਾਗੂ ਕਰਵਾਉਣਾ ਯਕੀਨੀ ਬਣਾਉਣਗੇ।

ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ ਸਮੂਹ ਪ੍ਰਿੰਟ/ਇਲੈਕਟ੍ਰੋਨਿਕ, ਕੇਬਲ ਨੈਟਵਰਕ, ਐਫ.ਐਮ. ਰੇਡੀਓ ਰਾਹੀ ਪ੍ਰਚਾਰ ਕਰਵਾਉਣਾ ਯਕੀਨੀ ਬਣਾਉਣਗੇ।

ਜਿਲ੍ਹਾ ਮੈਜਿਸਟਰੇਟ,
ਅੰਮ੍ਰਿਤਸਰ।

ਪਿ:ਅ:ਨੰ:ਕੋਵਿਡ-19/ 5143-5173 ਮਿਤੀ: 18.03.2021

ਇਸ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਟੂ ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ।
3. ਕਮਿਸ਼ਨਰ,ਜਲੰਧਰ ਮੰਡਲ, ਜਲੰਧਰ।
4. ਜਿਲ੍ਹਾ ਅਤੇ ਸੈਸ਼ਨ ਜੱਜ ਅੰਮ੍ਰਿਤਸਰ।
5. ਕਮਿਸ਼ਨਰ ਆਫ ਪੁਲਿਸ, ਅੰਮ੍ਰਿਤਸਰ।
6. ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ।
7. ਵਧੀਕ ਡਿਪਟੀ ਕਮਿਸ਼ਨਰ, ਅੰਮ੍ਰਿਤਸਰ।
8. ਵਧੀਕ ਡਿਪਟੀ ਕਮਿਸ਼ਨਰ, (ਵਿਕਾਸ) ਅੰਮ੍ਰਿਤਸਰ।
9. ਸਮੂਹ ਉਪ ਮੰਡਲ ਮੈਜਿਸਟਰੇਟ, ਅੰਮ੍ਰਿਤਸਰ।
10. ਸਿਵਲ ਸਰਜਨ, ਅੰਮ੍ਰਿਤਸਰ।
11. ਜਿਲ੍ਹਾ ਲੋਕ ਸਪੰਰਕ ਅਫਸਰ, ਅੰਮ੍ਰਿਤਸਰ।
12. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਅੰਮ੍ਰਿਤਸਰ।
13. ਸਮੂਹ ਸਬੰਧਤ।
14. ਸੁਪਰਡੰਟ ਗਰੇਡ-1
15. ਪੀ.ਏ.ਟੂ ਡਿਪਟੀ ਕਮਿਸ਼ਨਰ ਅੰਮ੍ਰਿਤਸਰ।
16. ਡੀ. ਆਈ. ਓ. ਨੂੰ ਜਿਲ੍ਹਾ ਅੰਮ੍ਰਿਤਸਰ ਦੀ ਵੈਬਸਾਈਟ ਤੇ ਅਪਲੋਡ ਕਰਨ ਲਈ ਭੇਜਿਆ ਜਾਂਦਾ ਹੈ।

ਜਿਲ੍ਹਾ ਮੈਜਿਸਟਰੇਟ,
ਅੰਮ੍ਰਿਤਸਰ।

Scanned with CamScanner